# ਵਾਹ ਨੀ ਕੁਦਰਤਿ Lyrics in Punjabi

ਮੈਂ ਉਸ ਸਿਰਜਨਹਾਰ ਦੀ, ਕੁਦਰਤ ਤੋਂ ਕੁਰਬਾਨ
ਹਵਾ ਵਿਚ ਖਲਿਆਰ 'ਤਾ, ਬਿਨ ਥੰਮ੍ਹੀਉਂ ਅਸਮਾਨ

ਜਿਹੜਾ ਦੁਨੀਆਂ ਦਾ ਵਾਲੀ, ਲਾ ਕੇ ਸੋਹਣਾ ਬਾਗ਼ ਮਾਲੀ,
ਕਿਤੇ ਦੇਵੇ ਨਾ ਦਿਖਾਲੀ, ਮੇਰੇ ਜ੍ਹ ਬੇਹੋਸ਼ ਨੂੰ
ਸੋ ਸੋ ਵਾਰੀ ਨਿਉਂਕੇ ਤੇ ਸਲਾਮ ਉਸ ਨੂੰ
ਕੋਈ ਲਗਦਾ ਨਾ ਪਤਾ, ਚੰਗੂ ਦੱਸ ਵਜ੍ਹਾ-ਕਤਾ,
'ਰਜ਼ਬ ਅਲੀ ਖਾਂ' ਦੀ ਖ਼ਤਾ, ਬਖ਼ਸ਼ ਗੁਨਾਹੀ ਦੀ,
ਕਿਹੜੀ-ਕਿਹੜੀ ਕਰਾਂ ਸਿਫਤ ਇਲਾਹੀ ਦੀ ?

ਚੰਦ, ਸੂਰਜ, ਚਿਰਾਗ, ਲਾਇਆ ਤਾਰਿਆਂ ਨੇ ਬਾਗ਼,
ਖਾ 'ਜੇ ਚੱਕਰ ਦਿਮਾਗ਼, ਕੀ ਅਕਲ ਵਰਤੀ ?
ਕਿਸ ਬਿਧ ਪਾਣੀ 'ਤੇ ਟਿਕਾਈ ਧਰਤੀ ?
ਲੋਅ ਗਰਮ ਵਗੇ ਫੇਰ, ਕਿਤੋਂ ਚੜ੍ਹ ਆਉਂਦਾ ਨ੍ਹੇਰ,
ਜਿਸ ਵੇਲੇ ਹੋ ਜੇ ਮੇਹਰ, ਸੱਚੀ ਪਾਤਸ਼ਾਹੀ ਦੀ,
ਕਿਹੜੀ-ਕਿਹੜੀ ਕਰਾਂ ਸਿਫਤ ਇਲਾਹੀ ਦੀ ?

ਇਨਸਾਨ ਬੇ-ਯਕੀਨਾ, ਕਿਤੇ ਟਿਕੇ ਨਾ ਟਿਕੀਨਾ,
ਲਾਈਆਂ ਪੇਟ 'ਚ ਮਸ਼ੀਨਾਂ, ਦੁੱਧ ਬਣੇ ਰੱਤ ਦਾ,
ਕੌਣ ਲਾਵੇ ਬਾਬਾ ਸਾਬ੍ਹ ਤੇਰੀ ਮੱਤ ਦਾ
ਕੋਹੇ-ਕੋਹੇ ਜੇ ਸਰੀਰ, ਕਿਤੇ ਸੋਹਣੀ ਕਿਤੇ ਹੀਰ,
ਤੇਰੇ ਜੈਸੀ ਤਸਵੀਰ, ਨਾ ਕਿਸੇ ਤੋਂ ਲਾਹੀਦੀ,
ਕਿਹੜੀ-ਕਿਹੜੀ ਕਰਾਂ ਸਿਫਤ ਇਲਾਹੀ ਦੀ ?

ਜੱਗ ਰੰਗਲਾ ਬਣਾ 'ਤਾ, ਜੋ ਸ਼ੈ ਮੰਗੇ ਰੂਹ ਰਜਾ 'ਤਾ,
ਤੂੰ ਹੈਂ ਦਾਤਿਆਂ ਦਾ ਦਾਤਾ, ਦੇ ਕੇ ਪਛਤਾਉਂਦਾ ਨ੍ਹੀਂ,
ਤੇਰੀ ਮਿਹਰ ਬਾਨੀ ਦਾ ਅੰਤ ਆਉਂਦਾ ਨ੍ਹੀਂ ?
ਮਾਂ ਤੇ ਬਾਪ, ਪੁੱਤ, ਧੀ ਦੀ, ਚੋਗ ਮੁੱਕ ਜਾਂਦੀ ਜੀਹਦੀ,
ਫੜੀ ਜਾਂਦੇ ਦੀ ਨਾ ਦੀਹਦੀ, ਸ਼ਕਲ ਸਿਪਾਹੀ ਦੀ,
ਕਿਹੜੀ-ਕਿਹੜੀ ਕਰਾਂ ਸਿਫਤ ਇਲਾਹੀ ਦੀ ?

ਭਰਤਲਿਰਿਕਸ.ਕੱਮ

*More Lyrics from [Kanwar Grewal]*